# ਦਫਤਰ ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਭਵਨ ਤੇ ਮਾਰਗ ਸ਼ਾਖਾ, ਸ੍ਰੀ ਮੁਕਤਸਰ ਸਾਹਿਬ।

Email ID: eecdmuktsarpwdpb@ gmail. com

ਵੱਲ,

ਪ੍ਰਿੰਸੀਪਲ,
ਜੀ.ਟੀ.ਬੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ,
ਮਲੋਟ।

ਨੰਬਰ: 4167 ਮਿਤੀ: 19-9-24

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਲੈਣ ਸਬੰਧੀ। (ਜੀ.ਟੀ.ਬੀ. ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਮਲੋਟ)

ਹਵਾਲਾ:- ਆਪ ਦਾ ਬਿਨੈ ਪੱਤਰ ਨੰਬਰ GTBKHPSM/20174/2024/303 ਮਿਤੀ 26-07-2024

ਆਪ ਦੇ ਸਕੂਲ ਦਾ ਨਿਰੀਖਣ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ. 3, ਮਲੋਟ ਵੱਲੋਂ ਕਰ ਲਿਆ ਗਿਆ ਹੈ ਅਤੇ ਉਹਨਾਂ ਦੀ ਰਿਪੋਰਟ ਦੇ ਆਧਾਰ ਤੇ ਆਪ ਦੇ ਸਕੂਲ ਦੀ ਬਿਲਡਿੰਗ ਦੇਖਣ ਤੋਂ ਠੀਕ ਹੈ ਅਤੇ ਵਰਤਣਯੋਗ ਹੈ। ਇਸ ਲਈ ਆਪ ਨੂੰ ਹੇਠ ਲਿਖੀਆਂ ਸ਼ਰਤਾਂ ਦੇ ਆਧਾਰ ਤੇ ਸਕੂਲ ਦੀ ਬਿਲਡਿੰਗ ਦੇ ਸਿਵਲ ਵਰਕ ਦਾ ਸੇਫਟੀ ਸਰਟੀਫਿਕੇਟ ਸਾਲ 2024-25 (31 ਮਾਰਚ 2025) ਤੱਕ ਜਾਰੀ ਕੀਤਾ ਜਾਂਦਾ ਹੈ:-

1. ਇਸ ਬਿਲਡਿੰਗ ਦੀ ਹਰ ਸਾਲ ਮੁਰੰਮਤ ਕਰਵਾਈ ਜਾਵੇ।
2. ਇਸ ਬਿਲਡਿੰਗ ਦੀਆਂ ਛੱਤਾਂ ਉੱਪਰ ਅਤੇ ਆਲੇ ਦੁਆਲੇ ਪਾਣੀ ਨਾ ਖੜਾ ਹੋਣ ਦਿੱਤਾ ਜਾਵੇ।
3. ਜੇਕਰ ਬਿਲਡਿੰਗ ਵਿੱਚ ਕਿਸੇ ਤਰ੍ਹਾਂ ਦੀ ਤਰੇੜ ਆ ਜਾਂਦੀ ਹੈ ਤਾਂ ਉਸ ਜਗ੍ਹਾ ਨੂੰ ਵਰਤੋਂ ਵਿੱਚ ਨਾ ਲਿਆਂਦਾ ਜਾਵੇ ਅਤੇ ਉਸ ਜਗ੍ਹਾ ਨੂੰ ਤੁਰੰਤ ਖਾਲੀ ਕਰਵਾ ਕੇ ਜਗ੍ਹਾ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ।
4. ਬਿਲਡਿੰਗ ਦੀ ਹਰ ਪੱਖੋਂ ਸੇਫਟੀ ਦੀ ਜ਼ਿੰਮੇਵਾਰੀ ਸੰਸਥਾ ਦੀ ਹੋਵੇਗੀ। ਅੱਗ ਬੁਝਾਊ ਯੰਤਰ ਚਾਲੂ ਹਾਲਤ ਵਿੱਚ ਹੋਣੇ ਚਾਹੀਦੇ ਹਨ।
5. ਜੇਕਰ ਕਿਸੇ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਦਾ ਨੁਕਸਾਨ ਹੁੰਦਾ ਹੈ ਤਾਂ ਤੁਰੰਤ ਇਸ ਦਫਤਰ ਨੂੰ ਸੂਚਿਤ ਕੀਤਾ ਜਾਵੇ।
6. ਜੇਕਰ ਬਿਲਡਿੰਗ ਵਿੱਚ ਕਿਸੇ ਤਰ੍ਹਾਂ ਦਾ ਵਾਧਾ ਕਰਨਾ ਹੋਵੇ ਤਾਂ ਆਰਕੀਟੈਕਟ ਤੋਂ ਪਾਸ ਕਰਵਾਇਆ ਜਾਵੇ ਅਤੇ ਇਸ ਸਬੰਧੀ ਇਸ ਦਫਤਰ ਨੂੰ ਵੀ ਸੂਚਿਤ ਕੀਤਾ ਜਾਵੇ।
7. ਜੇਕਰ ਭਵਿੱਖ ਵਿੱਚ ਪੰਜਾਬ ਸਰਕਾਰ ਵੱਲੋਂ ਕੋਈ ਵੀ ਰੋਡ ਅਸੈਸ ਜਾਂ ਕੋਈ ਹੋਰ ਫੀਸ ਪ੍ਰਾਪਤ ਕਰਨ ਲਈ ਹਦਾਇਤਾਂ ਪ੍ਰਾਪਤ ਹੁੰਦੀਆਂ ਹਨ ਤਾਂ ਉਹ ਫੀਸ ਆਪ ਦਾ ਸਕੂਲ ਭਰਨ ਲਈ ਪਾਬੰਦ ਹੋਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਆਪ ਨੂੰ ਬਿਨ੍ਹਾਂ ਕੋਈ ਨੋਟਿਸ ਦਿੱਤੇ ਜਾਰੀ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਕੀਤਾ ਜਾ ਸਕਦਾ ਹੈ।

ਨੱਥੀ/ ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ
ਉਸਾਰੀ ਮੰਡਲ ਭ ਤੇ ਮ ਸ਼ਾਖਾ,
ਸ੍ਰੀ ਮੁਕਤਸਰ ਸਾਹਿਬ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ , ਉਸਾਰੀ ਉਪ ਮੰਡਲ ਨੰ. 3, ਮਲੋਟ ਨੂੰ ਉਨ੍ਹਾਂ ਦੇ ਪੱਤਰ ਨੰਬਰ 382 ਮਿਤੀ 02-09-2024 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ
ਉਸਾਰੀ ਮੰਡਲ ਭ ਤੇ ਮ ਸ਼ਾਖਾ,
ਸ੍ਰੀ ਮੁਕਤਸਰ ਸਾਹਿਬ।

Principal,
Guru Teg Bahadur Khalsa
Public School, Malout